15ਵੀਂ ਵਿਧਾਨ ਸਭਾ
ਸੱਤਵਾਂ ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ: 3

**ਵੀਰਵਾਰ, 14 ਫਰਵਰੀ, 2019**
**(10.00 ਵਜੇ ਸਵੇਰ ਤੋਂ 2.30 ਵਜੇ ਬਾਅਦ ਦੁਪਹਿਰ ਤੱਕ)**

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 12 | 02 | 01 | 05 | 28 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 16

2. **ਮਤਾ**

ਸਰਦਾਰ ਹਰਵਿੰਦਰ ਸਿੰਘ ਫੂਲਕਾ, ਐਮ.ਐਲ.ਏ, ਆਮ ਆਦਮੀ ਪਾਰਟੀ ਨੇ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਜੋ ਮੁੱਖ ਮੰਤਰੀ ਜੀ ਦੁਆਰਾ ਦਿੱਤੇ ਸੁਝਾਅ ਅਨੁਸਾਰ ਪ੍ਰਵਾਨ ਹੋਇਆ:

> "ਕਿ ਇਹ ਸਦਨ ਸਿਫਾਰਸ਼ ਕਰਦਾ ਹੈ ਕਿ ਰਾਜ ਸਰਕਾਰ ਵੱਲੋਂ ਕੇਂਦਰ ਸਰਕਾਰ ਤੱਕ ਪਹੁੰਚ ਕੀਤੀ ਜਾਵੇ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਸੰਬਰ, 2016 ਤੋਂ ਖਤਮ ਹੋ ਚੁੱਕੇ ਕਾਰਜਕਾਲ ਕਾਰਨ ਇਸ ਦੀਆਂ ਚੋਣਾਂ ਕਰਵਾਈਆਂ ਜਾਣ ਅਤੇ ਇਸ ਵਾਸਤੇ ਚੀਫ ਕਮਿਸ਼ਨਰ, ਗੁਰਦੁਆਰਾ ਇਲੈਕਸ਼ਨਜ਼ ਦੀ ਜਲਦੀ ਤੋਂ ਜਲਦੀ ਨਿਯੁਕਤੀ ਕੀਤੀ ਜਾਵੇ ।
> ਇਹ ਸਦਨ ਇਹ ਵੀ ਪ੍ਰਸਤਾਵ ਕਰਦਾ ਹੈ ਕਿ ਕੇਂਦਰ ਸਰਕਾਰ ਤੱਕ ਇਹ ਮਾਮਲਾ ਉਠਾਉਣ ਲਈ ਮੁੱਖ ਮੰਤਰੀ, ਪੰਜਾਬ ਨੂੰ ਅਧਿਕਾਰਤ ਕੀਤਾ ਜਾਵੇ ।"

3. **ਧਿਆਨ ਦਿਵਾਊ ਨੋਟਿਸ**

1. ਡਾਕਟਰ ਧਰਮਬੀਰ ਅਗਨੀਹੋਤਰੀ, ਐਮ.ਐਲ.ਏ ਵਲੋਂ ਪੁਲਿਸ ਸਿਖਲਾਈ ਕੇਂਦਰ, ਜਹਾਨ ਖੇਲਾਂ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਨਵੇਂ ਰੰਗਰੂਟਾਂ ਨੂੰ ਵਹੀਕਲ ਡਰਾਈਵਿੰਗ ਸਿਖਲਾਈ ਦੀ ਅਣਹੋਂਦ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

   (ਨੰ: 8)

   ਸੰਸਦੀ ਮਾਮਲੇ ਮੰਤਰੀ ਨੇ ਜਵਾਬ ਦਿੱਤਾ।

2. ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ ਵਲੋਂ ਪੰਜਾਬ ਰਾਜ ਵਿੱਚ ਦੂਸ਼ਿਤ ਦਰਿਆਵਾਂ ਅਤੇ ਡ੍ਰੇਨਾਂ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

   (ਨੰ: 9)

   ਮੁੱਖ ਮੰਤਰੀ ਨੇ ਜਵਾਬ ਦਿੱਤਾ।

3. ਸ਼੍ਰੀ ਅਮਨ ਅਰੋੜਾ, ਐਮ.ਐਲ.ਏ., ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ ਅਤੇ ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਐਮ.ਐਲ.ਏ ਵਲੋਂ ਜ਼ਿਲ੍ਹਾ ਕਪੂਰਥਲਾ ਵਿੱਚ ਸਥਿਤ ਪਿੰਡਾਂ ਅਰਥਾਤ ਅੰਮ੍ਰਿਤਸਰ, ਸਫਦਰਪੁਰ, ਅਰਾਈਆਂ ਝੁੱਗੀਆਂ ਆਦਿ ਦੀ ਵਾਹੀਯੋਗ ਜ਼ਮੀਨ ਨੂੰ ਦਰਿਆ ਬਿਆਸ ਦੁਆਰਾ ਕੀਤੇ ਜਾ ਰਹੇ ਨੁਕਸਾਨ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

   (ਨੰ: 11 ਅਤੇ 29)

   ਮਾਲ, ਪੁਨਰਵਾਸ ਅਤੇ ਕੁਦਰਤੀ ਆਫ਼ਤਾਂ ਪ੍ਰਬੰਧਨ, ਜਲ ਸਰੋਤ ਮੰਤਰੀ ਨੇ ਜਵਾਬ ਦਿੱਤਾ।

4. **ਵਾਕ ਆਊਟ**

ਆਮ ਆਦਮੀ ਪਾਰਟੀ ਦੇ ਮੈਂਬਰ ਸਰਦਾਰ ਜਗਦੇਵ ਸਿੰਘ, ਸਰਦਾਰ ਪਿਰਮਲ ਸਿੰਘ ਧੌਲਾ ਅਤੇ ਸਰਦਾਰ ਨਾਜਰ ਸਿੰਘ ਮਾਨਸ਼ਾਹੀਆ ਨੂੰ ਛੱਡ ਕੇ ਸਦਨ ਵਿੱਚ ਹਾਜ਼ਰ ਆਮ ਆਦਮੀ ਪਾਰਟੀ ਦੇ ਸਮੂਹ ਮੈਂਬਰ ਧਿਆਨ ਦਿਵਾਊ ਨੋਟਿਸ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਕਾਰਨ ਅਤੇ ਸ਼੍ਰੀ ਅਮਨ ਅਰੋੜਾ, ਐਮ.ਐਲ.ਏ ਦੇ ਧਿਆਨ ਦਿਵਾਊ ਨੋਟਿਸਾਂ ਨੂੰ ਨਾ ਮਨਜ਼ੂਰ ਕਰਨ ਕਰਕੇ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

5. **ਰਿਪੋਰਟਾਂ ਪੇਸ਼ ਕਰਨਾ**

1. ਸਰਕਾਰੀ ਕਾਰੋਬਾਰ ਕਮੇਟੀ ਦੇ ਮੈਂਬਰ (ਡਾਕਟਰ ਹਰਜੋਤ ਕਮਲ ਸਿੰਘ ) ਨੇ ਸਾਲ 2018-19 ਲਈ ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੇ ਆਮ ਕੰਮ-ਕਾਰ ਤੇ ਸਰਕਾਰੀ ਕਾਰੋਬਾਰ ਕਮੇਟੀ ਦੀ 117 ਵੀਂ ਰਿਪੋਰਟ ਪੇਸ਼ ਕੀਤੀ।
2. ਸਥਾਨਕ ਸਰਕਾਰਾਂ ਅਤੇ ਪੰਚਾਇਤੀ ਰਾਜ ਸੰਸਥਾਵਾਂ ਕਮੇਟੀ ਦੇ ਸਭਾਪਤੀ (ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ) ਨੇ ਨਿਮਨਲਿਖਤ ਰਿਪੋਰਟਾਂ ਪੇਸ਼ ਕੀਤੀਆਂ:

   i) ਪੰਚਾਇਤੀ ਰਾਜ ਸੰਸਥਾਵਾਂ ਨਾਲ ਸਬੰਧਤ ਸਾਲ 2014-15 ਲਈ ਵੱਖ-ਵੱਖ ਆਡਿਟ ਪੈਰ੍ਹਿਆਂ ਤੇ ਸਥਾਨਕ ਸਰਕਾਰਾਂ ਅਤੇ ਪੰਚਾਇਤੀ ਰਾਜ ਸੰਸਥਾਵਾਂ ਕਮੇਟੀ ਦੀ 18ਵੀਂ ਸਲਾਨਾ ਤਕਨੀਕੀ ਰਿਪੋਰਟ; ਅਤੇ
   ii) ਮਿਊਂਸਪਲ ਕੌਂਸਲ, ਸੁਨਾਮ ਊਧਮ ਸਿੰਘ ਵਾਲਾ ਦੇ ਆਮ ਕੰਮ-ਕਾਰ ਤੇ ਸਥਾਨਕ ਸਰਕਾਰਾਂ ਅਤੇ ਪੰਚਾਇਤੀ ਰਾਜ ਸੰਸਥਾਵਾਂ ਕਮੇਟੀ ਦੀ 19ਵੀਂ ਰਿਪੋਰਟ ।

6. **ਕਾਰਜ ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ**

ਮਾਨਯੋਗ ਸਪੀਕਰ ਨੇ ਕਾਰਜ ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

> "ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

7. **ਮਤਾ**

ਸ਼੍ਰੀ ਸੋਮ ਪ੍ਰਕਾਸ਼, ਐਮ.ਐਲ.ਏ, ਭਾਰਤੀ ਜਨਤਾ ਪਾਰਟੀ ਨੇ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਅਤੇ ਮਤਾ ਪੇਸ਼ ਕਰਦੇ ਹੋਏ 14 ਮਿੰਟ ਲਈ ਬੋਲੇ:-

> " ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਪੰਜਾਬ ਵਿੱਚ ਵੱਧ ਰਹੇ ਅੰਧ ਵਿਸ਼ਵਾਸ ਅਤੇ ਵਹਿਮਾਂ ਭਰਮਾਂ ਕਾਰਨ ਸਮਾਜ ਦੇ ਇਕ ਖਾਸ ਵਰਗ ਦੇ ਹੋ ਰਹੇ ਸੋਸ਼ਣ ਨੂੰ ਰੋਕਣ ਲਈ ਮਹਾਰਾਸ਼ਟਰ ਸਰਕਾਰ ਦੀ ਤਰ੍ਹਾਂ ਪੰਜਾਬ ਵਿਚ ਕਾਨੂੰਨ ਪਾਸ ਕੀਤਾ ਜਾਵੇ ਤਾਂ ਜੋ ਸਮਾਜ ਵਿੱਚ ਅਜਿਹੀਆਂ ਘਟਨਾਵਾਂ ਵਿਰੁੱਧ ਅਸਰਦਾਰ ਕਦਮ ਚੁੱਕੇ ਜਾ ਸਕਣ। "

ਮਤੇ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰਾਂ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | |
|---|---|
| 1. ਡਾਕਟਰ ਰਾਜ ਕੁਮਾਰ ਵੇਰਕਾ, ਇੰਡੀਅਨ ਨੈਸ਼ਨਲ ਕਾਂਗਰਸ | 05 ਮਿੰਟ |
| 2. ਸਰਦਾਰ ਗੁਰਪ੍ਰੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 04 ਮਿੰਟ |
| 3. ਸਰਦਾਰ ਨਾਜਰ ਸਿੰਘ ਮਾਨਸ਼ਾਹੀਆ, ਆਮ ਆਦਮੀ ਪਾਰਟੀ | 03 ਮਿੰਟ |
| 4. ਸਰਦਾਰ ਤਰਸੇਮ ਸਿੰਘ ਡੀ.ਸੀ, ਇੰਡੀਅਨ ਨੈਸ਼ਨਲ ਕਾਂਗਰਸ | 15 ਮਿੰਟ |
| 5. ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਆਮ ਆਦਮੀ ਪਾਰਟੀ | 08 ਮਿੰਟ |
| 6. ਸ਼੍ਰੀ ਓਮ ਪ੍ਰਕਾਸ਼ ਸੋਨੀ, ਸਕੂਲ ਸਿੱਖਿਆ ਮੰਤਰੀ | 01 ਮਿੰਟ |
| 7. ਸ਼੍ਰੀ ਗੁਰਮੀਤ ਸਿੰਘ ਮੀਤ ਹੇਹਰ, ਆਮ ਆਦਮੀ ਪਾਰਟੀ | 03 ਮਿੰਟ |
| 8. ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 11 ਮਿੰਟ |
| 9. ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ | 25 ਮਿੰਟ |
| 10. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 23 ਮਿੰਟ |

11. ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ 06 ਮਿੰਟ
12. ਸਰਦਾਰ ਗੁਰਕੀਰਤ ਸਿੰਘ ਕੋਟਲੀ, ਇੰਡੀਅਨ ਨੈਸ਼ਨਲ ਕਾਂਗਰਸ 03 ਮਿੰਟ
13. ਸਰਦਾਰ ਬਲਬੀਰ ਸਿੰਘ ਸਿੱਧੂ, ਪਸ਼ੂ ਪਾਲਣ ਮੰਤਰੀ 01 ਮਿੰਟ
14. ਸ਼੍ਰੀ ਨੱਥੂ ਰਾਮ, ਇੰਡੀਅਨ ਨੈਸ਼ਨਲ ਕਾਂਗਰਸ 17 ਮਿੰਟ
15. ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ 26 ਮਿੰਟ

ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਮੈਂਬਰ, ਪੈਨਲ ਆਫ਼ ਚੇਅਰਮੈਨ ਨੇ 11.53 ਵਜੇ ਪੂਰਵ ਦੁਪਹਿਰ ਤੋਂ 12.29 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਸ਼ੁੱਕਰਵਾਰ, ਮਿਤੀ 15 ਫਰਵਰੀ, 2019 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

**ਚੰਡੀਗੜ੍ਹ:**
**14 ਫਰਵਰੀ, 2019**

**ਸ਼ਸ਼ੀ ਲਖਨਪਾਲ ਮਿਸ਼ਰਾ**
**ਸਕੱਤਰ।**

15/2/19
Chief Reporter
Punjab Vidhan Sabha Sectt.
Chandigarh